## Conducted Ethical Exam

On dated October 24,2024 ,the Ethical Exam, which was arranged in association with the Guru Gobind Singh Study Circle, was enthusiastically attended by students from Sri Guru Tegh Bahadur Khalsa College, Anandpur Sahib. This program sought to raise youth understanding of Sikh ideas, moral development, and ethical ideals. The test gave students a chance to consider the Sikh Gurus' teachings and how applicable they are to today's problems. This cooperative endeavor promoted spiritual development and a sense of social responsibility by motivating students to preserve truth, honesty, and compassion. The college's involvement demonstrates its dedication to developing well-rounded people with a foundation in moral and cultural principles.

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਅੱਜ ਸਦਾਚਾਰਕ ਤੇ ਧਾਰਮਿਕ ਕਦਰਾਂ ਕੀਮਤਾਂ ਲਈ ਨੈਤਿਕ ਪ੍ਰੀਖਿਆ ਕਰਵਾਈ ਗਈ। ਇਸ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਸਿੱਖ ਧਰਮ ਨਾਲ ਜੋੜਨਾ ਸੀ। ਦੱਸਣ ਯੋਗ ਹੈ ਕਿ ਇਹ ਉਪਰਾਲਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਦੇ ਸਹਿਯੋਗ ਦੁਆਰਾ ਕੀਤਾ ਗਿਆ । ਇਹ ਅਤਿ ਸ਼ਲਾਘਾਯੋਗ ਕਾਰਜ ਹੈ ਕਿ ਇਸ ਦੇ ਅਧੀਨ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਲਈ ਵਜ਼ੀਫੇ ਵੀ ਉਪਲੱਬਧ ਕਰਵਾਏ ਜਾਂਦੇ ਹਨ ਅਤੇ ਵਿਦਿਆਰਥੀਆਂ ਵਿੱਚ ਮਨੁੱਖੀ ਕਦਰਾਂ ਕੀਮਤਾਂ ਦਾ ਪੈਦਾ ਕੀਤੀਆਂ ਜਾਂਦੀਆਂ ਹਨ। ਜ਼ਿਕਰਯੋਗ ਹੈ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਹਰ ਸਾਲ ਇਸ ਪ੍ਰੀਖਿਆ ਵਿੱਚ ਭਾਗ ਲੈ ਕੇ ਮਾਣਮੱਤੀਆਂ ਪ੍ਰਾਪਤ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੀ ਯੋਗ ਅਗਵਾਈ ਅਧੀਨ ਧਾਰਮਿਕ ਪ੍ਰੀਖਿਆ ਸਫਲਤਾ ਪੂਰਵਕ ਨੇਪਰੇ ਚੜ੍ਹੀ।ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਤੋਂ ਇਲਾਵਾ ਧਰਮ ਅਤੇ ਸੱਭਿਆਚਾਰ ਨਾਲ ਵੀ ਜੋੜ ਕੇ ਰੱਖਿਆ ਜਾਂਦਾ ਹੈ ਤਾਂ ਜੋ ਉਹ ਆਪਣੀ ਵਿਰਾਸਤ ਨਾਲ ਜੁੜੇ ਰਹਿਣ।ਇਸ ਦੌਰਾਨ ਉਨ੍ਹਾਂ ਧਾਰਮਿਕ ਪ੍ਰੀਖਿਆ ਦੀ ਤਿਆਰੀ ਕਰਵਾਉਣ ਵਾਲੀ ਸਮੁੱਚੀ ਟੀਮ (ਡਾ.ਪਰਮਜੀਤ ਕੌਰ,ਮੁਖੀ ਧਰਮ ਅਧਿਐਨ ਵਿਭਾਗ, ਡਾ.ਮਨਦੀਪ ਕੌਰ ਕੈਮਿਸਟਰੀ ਵਿਭਾਗ ਤੇ ਡਾ.ਨਵਦੀਪ ਕੌਰ ਕਮਰਸ, ਪ੍ਰੋ. ਰਮਨਪ੍ਰੀਤ ਕੌਰ ਕੰਪਿਊਟਰ ਸਾਇੰਸ ਨੂੰ ਸੁਚੱਜੇ ਢੰਗ ਨਾਲ ਪ੍ਰੀਖਿਆ ਕਰਵਾਉਣ ਲਈ ਮੁਬਾਰਕਬਾਦ ਦਿੱਤੀ।

